ਮਃ ੧ ॥ ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ ॥ ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ ॥ ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ॥ ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥ ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ ॥ ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ ॥ ਜਿਤੁ ਮੁਖਿ ਸਦਾ ਸਾਲਾਹੀਐ ਭਾਗਾ ਰਤੀ ਚਾਰਿ ॥ ਨਾਨਕ ਤੇ ਮੁਖ ਊਜਲੇ ਤਿਤੁ ਸਚੈ ਦਰਬਾਰਿ ॥ ੨॥ {ਪੰਨਾ 473}

ਪਦਅਰਥ:- ਭੰਡੁ—ਇਸਤ੍ਰੀ। ਭੰਡਿ—ਇਸਤ੍ਰੀ ਤੋਂ। ਜੰਮੀਐ—ਜੰਮੀਦਾ ਹੈ, ਪੈਦਾ ਹੋਈਦਾ ਹੈ। ਨਿੰਮੀਐ—ਨਿੰਮੀਦਾ ਹੈ, ਪ੍ਰਾਣੀ ਦਾ ਸਰੀਰ ਬਣਦਾ ਹੈ। ਮੰਗਣੁ—ਕੁੜਮਾਈ। ਭੰਡਹੁ—ਇਸਤ੍ਰੀ ਦੀ ਰਾਹੀਂ। ਰਾਹੁ—(ਸੰਸਾਰ ਦੀ ਉਤਪੱਤੀ ਦਾ) ਰਸਤਾ। ਭਾਲੀਐ—ਲੱਭੀਦਾ ਹੈ, ਹੋਰ ਇਸਤ੍ਰੀ ਦੀ ਭਾਲ ਕਰੀਦੀ ਹੈ। ਬੰਧਾਨੁ—ਰਿਸ਼ਤੇਦਾਰੀ। ਜਿਤੁ—ਜਿਸ ਇਸਤ੍ਰੀ ਤੋਂ। ਭੰਡਹੁ ਹੀ ਭੰਡੁ—ਇਸਤ੍ਰੀ ਤੋਂ ਇਸਤ੍ਰੀ। ਸਾਲਾਹੀਐ—ਪ੍ਰਭੂ ਦੀ ਸਿਫ਼ਤਿ-ਸਾਲਾਹ ਕਰੀਏ। ਭਾਗਾ ਰਤੀ ਚਾਰਿ—ਭਾਗਾਂ ਦੀਆਂ ਚਾਰ ਰੱਤੀਆਂ, ਭਾਗਾਂ ਦੀ ਮਣੀ, ਭਾਵ, ਚੰਗੇ ਭਾਗਾਂ ਦੇ ਕਾਰਣ ਉਹ ਮੁਖ ਸੋਹਣਾ ਲੱਗਦਾ ਹੈ।2।

ਅਰਥ:- ਇਸਤ੍ਰੀ ਤੋਂ ਜਨਮ ਲਈਦਾ ਹੈ, ਇਸਤ੍ਰੀ (ਦੇ ਪੇਟ) ਵਿਚ ਹੀ ਪ੍ਰਾਣੀ ਦਾ ਸਰੀਰ ਬਣਦਾ ਹੈ। ਇਸਤ੍ਰੀ ਦੀ (ਹੀ) ਰਾਹੀਂ ਕੁੜਮਾਈ ਤੇ ਵਿਆਹ ਹੁੰਦਾ ਹੈ। ਇਸਤ੍ਰੀ ਦੀ ਰਾਹੀਂ (ਹੋਰ ਲੋਕਾਂ ਨਾਲ) ਸੰਬੰਧ ਬਣਦਾ ਹੈ। ਤੇ ਇਸਤ੍ਰੀ ਤੋਂ ਹੀ (ਜਗਤ ਦੀ ਉਤਪੱਤੀ ਦਾ) ਰਸਤਾ ਚੱਲਦਾ ਹੈ। ਜੇ ਇਸਤ੍ਰੀ ਮਰ ਜਾਏ ਤਾਂ ਹੋਰ ਇਸਤ੍ਰੀ ਦੀ ਭਾਲ ਕਰੀਦੀ ਹੈ, ਇਸਤ੍ਰੀ ਤੋਂ ਹੀ (ਹੋਰਨਾਂ ਨਾਲ) ਰਿਸ਼ਤੇਦਾਰੀ ਬਣਦੀ ਹੈ। ਜਿਸ ਇਸਤ੍ਰੀ (ਜਾਤੀ) ਤੋਂ ਰਾਜੇ (ਭੀ) ਜੰਮਦੇ ਹਨ, ਉਸ ਨੂੰ ਮੰਦਾ ਆਖਣਾ ਠੀਕ ਨਹੀਂ ਹੈ। ਇਸਤ੍ਰੀ ਤੋਂ ਹੀ ਇਸਤ੍ਰੀ ਪੈਦਾ ਹੁੰਦੀ ਹੈ (ਜਗਤ ਵਿਚ) ਕੋਈ ਜੀਵ ਇਸਤ੍ਰੀ ਤੋਂ ਬਿਨਾ ਪੈਦਾ ਨਹੀਂ ਹੋ ਸਕਦਾ। ਹੇ ਨਾਨਕ! ਕੇਵਲ ਇਕ ਸੱਚਾ ਪ੍ਰਭੂ ਹੀ ਹੈ, ਜੋ ਇਸਤ੍ਰੀ ਤੋਂ ਨਹੀਂ ਜੰਮਿਆ। (ਭਾਵੇਂ ਮਨੁੱਖ ਹੋਵੇ, ਭਾਵੇਂ ਇਸਤ੍ਰੀ, ਜੋ ਭੀ) ਆਪਣੇ ਮੂੰਹ ਨਾਲ ਸਦਾ ਪ੍ਰਭੂ ਦੇ ਗੁਣ ਗਾਉਂਦਾ ਹੈ, ਉਸ ਦੇ ਮੱਥੇ ਉੱਤੇ ਭਾਗਾਂ ਦੀ ਮਣੀ ਹੈ, ਭਾਵ ਉਹਦਾ ਮੱਥਾ ਭਾਗਾਂ ਵਾਲਾ ਹੈ। ਹੇ ਨਾਨਕ! ਉਹੀ ਮੁਖ ਉਸੇ ਸੱਚੇ ਪ੍ਰਭੂ ਦੇ ਦਰਬਾਰ ਵਿਚ ਸੋਹਣੇ ਲੱਗਦੇ ਹਨ।2।